# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 16-03-2024**

ਭਾਰਤੀ ਚੋਣ ਕਮਿਸ਼ਨ ਦੇਸ਼ ਦੀਆਂ 543 ਲੋਕ ਸਭਾ ਸੀਟਾਂ 'ਤੇ ਹੋਣ ਵਾਲੀਆਂ ਚੋਣਾਂ ਲਈ ਤਰੀਕਾਂ ਦਾ ਐਲਾਨ ਅੱਜ ਕਰੇਗਾ। ਨਵੀਂ ਦਿੱਲੀ ਦੇ ਵਿਗਿਆਨ ਭਵਨ ਵਿਖੇ ਦੁਪਹਿਰ ਬਾਅਦ ਤਿੰਨ ਵਜੇ ਇਕ ਪ੍ਰੈਸ ਕਾਨਫਰੰਸ ਦੌਰਾਨ ਇਹ ਐਲਾਨ ਕੀਤਾ ਜਾਵੇਗਾ। ਤਿੰਨ ਮੈਂਬਰੀ ਚੋਣ ਕਮਿਸ਼ਨ ਵਿੱਚ ਮੁੱਖ ਚੋਣ ਕਮਿਸ਼ਨਰ ਰਾਜੀਵ ਕੁਮਾਰ, ਚੋਣ ਕਮਿਸ਼ਨਰ ਸੁਖਬੀਰ ਸਿੰਘ ਸੰਧੂ ਅਤੇ ਗਿਆਨੇਸ਼ ਕੁਮਾਰ ਸ਼ਾਮਲ ਨੇ। ਵੋਟਾਂ ਦੀਆਂ ਤਰੀਕਾਂ ਦੇ ਐਲਾਨ ਦੇ ਨਾਲ ਹੀ ਦੇਸ਼ ਭਰ ਵਿਚ ਚੋਣ ਜ਼ਾਬਤਾ ਲਾਗੂ ਹੋ ਜਾਵੇਗਾ। ਲੋਕ ਸਭਾ ਚੋਣਾਂ ਦੇ ਨਾਲ ਨਾਲ ਕਮਿਸ਼ਨ ਕੁਝ ਸੂਬਿਆਂ ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਪ੍ਰੋਗਰਾਮ ਦਾ ਵੀ ਐਲਾਨ ਕੀਤਾ ਜਾਵੇਗਾ। ਮੌਜੂਦਾ ਲੋਕ ਸਭਾ ਦਾ ਕਾਰਜਕਾਲ ਇਸ ਸਾਲ 16 ਜੂਨ ਨੂੰ ਖਤਮ ਹੋਣ ਜਾ ਰਿਹਾ ਏ। 2019 ਵਿੱਚ, ਲੋਕ ਸਭਾ ਚੋਣਾਂ ਅਪ੍ਰੈਲ ਅਤੇ

ਮਈ ਵਿੱਚ ਸੱਤ ਪੜਾਵਾਂ ਵਿੱਚ ਹੋਈਆਂ ਸਨ। ਆਸ ਏ ਕਿ ਇਸ ਵਾਰ ਵੀ ਅਪ੍ਰੈਲ ਅਤੇ ਮਈ 'ਚ ਕਈ ਪੜਾਵਾਂ 'ਚ ਵੋਟਾਂ ਪੈਣਗੀਆਂ।

------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੇਸ਼ ਵਾਸੀਆਂ ਨੂੰ ਪੱਤਰ ਲਿਖ ਕੇ ਵਿਕਸਤ ਭਾਰਤ ਨੂੰ ਰੂਪ ਦੇਣ ਲਈ ਉਨ੍ਹਾਂ ਦੀ ਰਾਏ ਮੰਗੀ ਏ। ਉਨ੍ਹਾਂ ਕਿਹਾ ਕਿ ਪਿਛਲੇ 10 ਸਾਲਾਂ ਦੌਰਾਨ ਦੇਸ਼ ਨੇ ਵੱਡੀ ਛਾਲ ਮਾਰੀ ਏ ਅਤੇ ਜ਼ਬਰਦਸਤ ਆਰਥਿਕ ਤਰੱਕੀ ਦੇਖੀ ਏ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਰਵਾਇਤ ਤੇ ਆਧੁਨਿਕਤਾ ਦੋਹਾਂ ਨੂੰ ਜੋੜ ਕੇ ਦੇਸ਼ ਅੱਗੇ ਵਧ ਰਿਹਾ ਏ ਅਤੇ ਭਾਰਤ ਦੀ ਅਮੀਰ ਰਾਸ਼ਟਰੀ ਤੇ ਸੱਭਿਆਚਾਰਕ ਵਿਰਾਸਤ 'ਤੇ ਜ਼ੋਰ ਦਿੱਤਾ ਜਾ ਰਿਹਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਅੱਜ ਹਰ ਦੇਸ਼ ਵਾਸੀ ਨੂੰ ਮਾਣ ਏ ਕਿ ਭਾਰਤ ਆਪਣੇ ਅਮੀਰ ਸਭਿਆਚਾਰ ਨਾਲ ਅੱਗੇ ਵਧ ਰਿਹਾ ਏ।

------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਦੂਰਅੰਦੇਸ਼ੀ ਅਗਵਾਈ ਹੇਠ ਪਹਿਲੀ ਚੇਤ ਦੇ ਨਵੇਂ ਸਿੱਖ ਸਾਲ ਦੇ ਸ਼ੁਭ ਮੌਕੇ ਨੂੰ ਮਨਾਉਣ ਲਈ ਘੱਟ ਗਿਣਤੀ

ਮਾਮਲਿਆਂ ਦੇ ਮੰਤਰਾਲੇ ਦੇ ਮੰਤਰੀ ਸਮ੍ਰਿਤੀ ਇਰਾਨੀ ਨੇ ਸਿੱਖ ਭਾਈਚਾਰੇ ਲਈ ਇੱਕ ਵਿਆਪਕ ਹੁਨਰ ਵਿਕਾਸ, ਲੀਡਰਸ਼ਿਪ ਅਤੇ ਉੱਦਮਤਾ ਨੂੰ ਉਤਸ਼ਾਹਿਤ ਕਰਨ ਵੱਲ ਸੇਧਤ ਸਿੱਖਿਆ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਏ। ਇਸ ਪ੍ਰੋਗਰਾਮ ਨੂੰ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਰਾਹੀਂ ਮੰਤਰਾਲੇ ਦੀ ਪ੍ਰਧਾਨ ਮੰਤਰੀ ਵਿਰਾਸਤ ਸਕੀਮ ਦੇ ਪ੍ਰਚਾਰ ਤਹਿਤ "ਸਬਕਾ ਸਾਥ, ਸਬਕਾ ਵਿਕਾਸ, ਸਬਕਾ ਵਿਸ਼ਵਾਸ, ਸਬਕੀ ਅਰਦਾਸ" ਦੀ ਵਿਆਪਕ ਭਾਵਨਾ ਨਾਲ ਪ੍ਰਵਾਨਗੀ ਦਿੱਤੀ ਗਈ ਏ। ਇਸ ਪ੍ਰੋਗਰਾਮ ਤਹਿਤ 10 ਹਜ਼ਾਰ ਨੌਜਵਾਨਾਂ ਤੇ ਔਰਤਾਂ ਨੂੰ ਰੋਜ਼ਗਾਰ ਮੁਖੀ ਕੰਮਾਂ ਵਾਸਤੇ ਆਧੁਨਿਕ ਹੁਨਰ ਸਿੱਖਲਾਈ ਦਿੱਤੀ ਜਾਵੇਗੀ। ਸਿਕਲੀਗਰ ਤੇ ਹੋਰ ਰਵਾਇਤੀ ਕਲਾ ਤੇ ਸ਼ਿਲਪਕਾਰੀ ਰੂਪਾਂ ਦਾ ਅਭਿਆਸ ਕਰਨ ਵਾਲੇ ਹੋਰ ਸਮੂਹਾਂ ਨੂੰ ਉਤਸ਼ਾਹਿਤ ਕੀਤਾ ਜਾਵੇਗਾ ਤਾਂ ਜੋ ਔਰਤਾਂ ਵਿਚ ਲੀਡਰਸ਼ਿਪ ਤੇ ਉਦਮਤਾ ਦੇ ਗੁਣ ਪੈਦਾ ਕੀਤੇ ਜਾ ਸਕਣ ਤੇ ਸਿੱਖਿਆ ਛੱਡਣ ਵਾਲੇ ਵਿਦਿਆਰਥੀਆਂ ਦੀ ਗਿਣਤੀ ਘਟਾਈ ਜਾ ਸਕੇ। ਮੰਤਰਾਲੇ ਦੀ ਇਹ ਪਹਿਲਕਦਮੀ ਸਮਾਜ ਅੰਦਰ ਸਮਾਜਿਕ-ਆਰਥਿਕ ਤੌਰ 'ਤੇ ਪਛੜੇ ਸਮੂਹਾਂ ਨੂੰ ਰਾਸ਼ਟਰੀ ਵਿਕਾਸ ਕਹਾਣੀ ਵਿੱਚ ਆਪਣੇ ਲਈ ਇੱਕ

ਸਥਾਨ ਬਣਾਉਣ ਵਿੱਚ ਮਦਦ ਕਰੇਗੀ ਅਤੇ ਦੂਜੇ ਸਮਾਜਿਕ ਤੌਰ 'ਤੇ ਪਛੜੇ ਭਾਈਚਾਰਿਆਂ ਦੇ ਲਾਭਪਾਤਰੀਆਂ ਦੀ ਵੀ ਮਦਦ ਕਰੇਗੀ ਜਿਸ ਨਾਲ ਸਦਭਾਵਨਾ ਨੂੰ ਉਤਸ਼ਾਹਿਤ ਕੀਤਾ ਜਾ ਸਕੇਗਾ।

----------------------------------------------------

ਦੇਸ਼ ਵਿਚ ਪੈਟਰੋਲ ਤੇ ਡੀਜ਼ਲ ਦੋ ਰੁਪਏ ਪ੍ਰਤੀ ਲੀਟਰ ਸਸਤਾ ਹੋ ਗਿਆ ਏ। ਨਵੀਆਂ ਦਰਾਂ ਬੀਤੇ ਕੱਲ ਤੋਂ ਲਾਗੂ ਹੋ ਗਈਆਂ ਨੇ। ਆਮ ਲੋਕਾਂ ਨੇ ਕੇਂਦਰ ਸਰਕਾਰ ਦੇ ਫੈਸਲੇ ਦਾ ਭਰਵਾਂ ਸਵਾਗਤ ਕੀਤਾ ਏ।

----------------------------------------------------

ਪਾਕਿਸਤਾਨ, ਬੰਗਲਾਦੇਸ਼ ਅਤੇ ਅਫਗਾਨਿਸਤਾਨ ਤੋਂ ਭਾਰਤ ਆਏ ਹਿੰਦੂ, ਸਿੱਖਾਂ ਅਤੇ ਜੈਨੀਆਂ ਬਾਰੇ ਆਮ ਆਦਮੀ ਪਾਰਟੀ ਦੇ ਮੁਖੀ ਅਰਵਿੰਦ ਕੇਜਰੀਵਾਲ ਵੱਲੋਂ ਉਨ੍ਹਾਂ ਦੇ ਧਰਮ ਦੇ ਆਧਾਰ 'ਤੇ ਅੱਤਿਆਚਾਰਾਂ ਦਾ ਸਾਹਮਣਾ ਕਰਨ ਲਈ ਮੋਦੀ ਸਰਕਾਰ ਖਿਲਾਫ ਬੋਲਣ ਲਈ ਜਲੰਧਰ ਪੱਛਮੀ ਵਿਧਾਨ ਸਭਾ ਹਲਕੇ ਦੇ ਮਾਡਲ ਹਾਊਸ ਵਿਖੇ ਹਜ਼ਾਰਾਂ ਪਰਿਵਾਰਾਂ ਦੀਆਂ ਸੈਂਕੜੇ ਔਰਤਾਂ ਅਤੇ ਨੌਜਵਾਨਾਂ ਨੇ ਇੱਕਜੁੱਟ ਹੋ ਕੇ ਕਲ ਕੇਜਰੀਵਾਲ ਤੇ ਆਮ ਆਦਮੀ ਪਾਰਟੀ ਦਾ ਪੁਤਲਾ ਫੂਕਿਆ।

ਪਾਕਿਸਤਾਨ ਵਿਕਟਿਮ ਰਿਫਿਊਜੀ ਫੋਰਮ ਦੇ ਪ੍ਰਧਾਨ ਦਿਆਲ ਅਤੇ ਭਾਜਪਾ ਮੰਡਲ 12 ਦੇ ਪ੍ਰਧਾਨ ਰਾਕੇਸ਼ ਭਗਤ ਵੱਲੋਂ ਵਿਸ਼ਾਲ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਸੁਸ਼ੀਲ ਸ਼ਰਮਾ ਨੇ ਕਿਹਾ ਕਿ ਸੱਤਾ ਦੇ ਨਸ਼ੇ 'ਚ ਧੁੱਤ 'ਆਪ' ਪਾਰਟੀ ਅਤੇ ਇਸ ਦੇ ਮੁਖੀ ਅਰਵਿੰਦ ਕੇਜਰੀਵਾਲ ਨੇ ਸਭ ਮਰਿਆਦਾ ਭੁਲਾ ਕੇ ਸ਼ਰਨਾਰਥੀਆਂ ਦਾ ਅਪਮਾਨ ਕੀਤਾ ਏ ਜਿਸ ਨੂੰ ਕੋਈ ਵੀ ਭਾਰਤੀ ਬਰਦਾਸ਼ਤ ਨਹੀਂ ਕਰ ਸਕਦਾ। ਪਾਰਟੀ ਦੇ ਜਨਰਲ ਸਕੱਤਰ ਅਸ਼ੋਕ ਸਰੀਨ ਹਿੱਕੀ ਨੇ ਕਿਹਾ ਕਿ ਜਲੰਧਰ ਸ਼ਹਿਰ ਅਤੇ ਦੇਸ਼ ਵਿੱਚ ਵਸਦੇ ਸਿਆਲਕੋਟੀ ਅਤੇ ਪਿਸ਼ੋਰੀ ਭਾਈਚਾਰੇ ਦੇ ਲੋਕ ਘੁਸਪੈਠ ਕਰਨ ਵਾਲੇ ਨਹੀਂ ਨੇ ਸਗੋਂ ਮਿਹਨਤੀ ਅਤੇ ਦੇਸ਼ ਭਗਤ ਨੇ ਜਿਹੜੇ ਆਪਣੇ ਪਰਿਵਾਰ ਦਾ ਪਾਲਣ ਪੋਸ਼ਣ ਕਰਨ ਦੇ ਨਾਲ-ਨਾਲ ਵੱਖ-ਵੱਖ ਪ੍ਰਾਪਤੀਆਂ ਲਈ ਦਿਨ ਰਾਤ ਮਿਹਨਤ ਕਰਦੇ ਨੇ। ਉਨਾਂ ਕਿਹਾ ਕਿ ਖੇਡ ਉਦਯੋਗ ਵਿੱਚ ਰੁਜ਼ਗਾਰ ਦੇ ਵੱਖ-ਵੱਖ ਖੇਤਰਾਂ ਵਿੱਚ ਇਨਾਂ ਨੇ ਕ੍ਰਾਂਤੀ ਲਿਆਂਦੀ ਏ, ਜਿਸ ਕਾਰਨ ਸਾਡੇ ਲੱਖਾਂ ਲੋਕਾਂ ਨੂੰ ਰੁਜ਼ਗਾਰ ਮਿਲਿਆ ਏ। ਅਸ਼ੋਕ ਸਰੀਨ ਹਿੱਕੀ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਤੇ ਆਮ ਆਦਮੀ ਪਾਰਟੀ ਨੂੰ ਸਾਬਤ ਕਰਨਾ ਚਾਹੀਦਾ ਏ

ਕਿ ਇਹ ਲੋਕ ਕਿਵੇਂ ਘੁਸਪੈਠੀਏ, ਅਪਰਾਧੀ, ਚੋਰ ਅਤੇ ਬਲਾਤਕਾਰੀ ਬਣ ਗਏ ਅਤੇ ਇਨ੍ਹਾਂ ਨੂੰ ਭਾਰਤੀ ਨਾਗਰਿਕਤਾ ਦੇਣ ਨਾਲ ਅਪਰਾਧ ਕਿਵੇਂ ਵਧੇਗਾ।